Vigilance Bureau Punjab

**VIGILANCE NABS ASI FOR TAKING BRIBE**

Chandigarh, July 5: State Vigilance Bureau, today nabbed Assistant Sub Inspector (ASI) red handed while accepting bribe of Rs 8,000/-.

Disclosing this here an official spokesperson of the Vigilance Bureau said ASI Gurdev Singh posted at police station Rama, Bathinda district was nabbed red handed on the complaint of Gurnaib Singh of village Kot Bhakhtu district Bathinda. The complainant has approached the VB and alleged that the accused ASI was demanding Rs 10,000 to help him in a case and the deal was struck at Rs. 8,000.

After verifying his information, the Vigilance team laid a trap and the accused ASI was arrested on the spot taking bribe of Rs. 8,000 from the complainant in the presence of two official witnesses. He informed that a case under Prevention of Corruption Act has been registered against him at VB police station Bathinda and further investigation was under progress.

---------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 5 ਜੁਲਾਈ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਰਾਮਾ, ਬਠਿੰਡਾ ਵਿਖੇ ਤਾਇਨਾਤ ਏ.ਐਸ.ਆਈ. ਗੁਰਦੇਵ ਸਿੰਘ ਨੂੰ 8,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਗੁਰਨੈਬ ਸਿੰਘ ਵਾਸੀ ਪਿੰਡ ਕੋਟ ਬਖਤੂ, ਬਠਿੰਡਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ ਵਲੋਂ ਉਸ ਵਲੋਂ ਦਰਜ ਕਰਵਾਏ ਗਏ ਮੁਕੱਦਮੇ ਵਿਚ ਦੋਸ਼ੀਆਂ ਖਿਲਾਫ ਕਾਰਵਾਈ ਕਰਨ ਬਦਲੇ 10,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 8000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 8,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਬਠਿੰਡਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।